# ਪੰਜਾਬ ਵਿਧਾਨ ਸਭਾ

## ਤੇਰ੍ਹਵਾਂ ਸਮਾਗਮ

## ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ

## 05 ਅਗਸਤ 2026

----

ਕੁੱਲ ਪ੍ਰਸ਼ਨ - 10

----

### ਜਗਰਾਓਂ ਬਲਾਕ ਦੇ ਪਿੰਡਾਂ ਵਿੱਚ ਮਨਰੇਗਾ ਤਹਿਤ ਕੀਤੇ ਕੰਮਾਂ ਦੇ ਵੇਰਵੇ

653 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਗੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :–** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜਗਰਾਓਂ ਬਲਾਕ ਦੇ ਪਿੰਡਾਂ ਵਿੱਚ ਮਨਰੇਗਾ ਤਹਿਤ ਪਿਛਲੇ ਤਿੰਨ ਸਾਲਾਂ ਵਿੱਚ ਕਿਹੜੇ ਕੰਮ ਮਨਜ਼ੂਰ ਹੋਏ ਅਤੇ ਕਿਹੜੇ ਕੰਮ ਪੂਰੇ ਕੀਤੇ ਗਏ; ਵੇਰਵੇ ਸਹਿਤ ਦੱਸਿਆ ਜਾਵੇ?

----

### ਜਗਰਾਓਂ ਬਲਾਕ ਦੇ ਪਿੰਡਾਂ ਵਿੱਚ ਸਾਂਝੀਆਂ ਛੱਪੜਾਂ/ਪੋਂਡਾਂ ਦੀ ਸਫ਼ਾਈ ਦੇ ਵੇਰਵੇ

656 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਗੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :–** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਜਗਰਾਓਂ ਬਲਾਕ ਦੇ ਪਿੰਡਾਂ ਵਿੱਚ ਸਾਂਝੀਆਂ ਛੱਪੜਾਂ/ਪੋਂਡਾਂ ਦੀ ਸਫ਼ਾਈ ਅਤੇ ਪੁਨਰ ਵਿਕਾਸ ਲਈ ਕਿਹੜੇ ਕੰਮ ਕੀਤੇ ਗਏ; ਵੇਰਵੇ ਸਹਿਤ ਦੱਸਿਆ ਜਾਵੇ?

----

## ਪਿੰਡਾਂ ਦੀਆਂ ਸੀ.ਸੀ. ਸੜਕਾਂ, ਇੰਟਰਲਾਕ ਟਾਇਲਾਂ, ਨਾਲੀਆਂ ਅਤੇ ਸਟਰੀਟ ਲਾਈਟ ਪ੍ਰੋਜੈਕਟਾਂ ਦੇ ਵੇਰਵੇ

659 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਕਿਰਤ, ਪ੍ਰਾਹੁਣਚਾਰੀ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਬਿਜਲੀ ਵਿਭਾਗ :=** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਜਗਰਾਉਂ ਬਲਾਕ ਅਧੀਨ ਹਰ ਪਿੰਡ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਬਣੀਆਂ ਸੀ.ਸੀ. ਸੜਕਾਂ, ਇੰਟਰਲਾਕ ਟਾਇਲਾਂ, ਨਾਲੀਆਂ ਅਤੇ ਸਟਰੀਟ ਲਾਈਟਾਂ ਦੇ ਪ੍ਰੋਜੈਕਟਾਂ ਦੀ ਜਾਣਕਾਰੀ ਪਿੰਡ-ਵਾਰ ਵੇਰਵੇ ਦੱਸਣ ਦੀ ਕਿਰਪਾਲਤਾ ਕਰਨਗੇ?

----

## ਜਗਰਾਉਂ ਨਗਰ ਕੌਂਸਲ ਦੀਆਂ ਸੰਪਤੀਆਂ ਦੇ ਡਿਜ਼ਿਟਲ ਰਿਕਾਰਡ ਦੀ ਮੌਜੂਦਾ ਸਥਿਤੀ

662 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :=** ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਜਗਰਾਉਂ ਨਗਰ ਕੌਂਸਲ ਦੀਆਂ ਸਾਰੀਆਂ ਸੰਪਤੀਆਂ ਦਾ ਡਿਜ਼ਿਟਲ ਰਿਕਾਰਡ ਜਾਂ GIS ਮੈਪਿੰਗ ਕੀਤੀ ਗਈ ਹੈ; ਜੇਕਰ ਹਾਂ ਤਾਂ ਇਸਦੀ ਮੌਜੂਦਾ ਸਥਿਤੀ ਕੀ ਹੈ?

----

## ਪਿੰਡਾਂ ਰਣੀਆਂ ਤੋਂ ਕੋਠੇ ਵਾਲਾ ਤੱਕ ਲਿੰਕ ਸੜਕ ਦੀ ਮੁਰੰਮਤ ਜਾਂ ਮੁੜ ਉਸਾਰੀ

665 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਰਣੀਆਂ ਤੋਂ ਪਿੰਡ ਕੋਠੇ ਵਾਲਾ ਤੱਕ ਸੜਕ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ? ਜੇਕਰ ਅਜਿਹਾ ਹੈ ਤਾਂ ਇਸ ਲਿੰਕ ਸੜਕ ਦੀ ਮੁਰੰਮਤ ਜਾਂ ਮੁੜ ਉਸਾਰੀ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਇਸ ਤੇ ਅਮਲ ਹੋ ਜਾਵੇਗਾ?

----

## ਪਿੰਡ ਡੰਡੇਆਣਾ ਸਰਕੀ ਤੋਂ ਤਖਾਣਵੱਧ ਤੱਕ ਸੜਕ ਬਣਾਉਣਾ

676 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਡੰਡੇਆਣਾ ਸਰਕੀ ਤੋਂ ਤਖਾਣਵੱਧ ਜਾਣ ਵਾਲੀ ਸੜਕ ਜਿਸ ਨੂੰ ਬਣੇ ਹੋਏ ਲਗਭਗ 25 ਸਾਲ ਦਾ ਸਮਾਂ ਹੋ ਗਿਆ ਹੈ, ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸ ਨੂੰ ਨਵੀਂ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਦੇ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਪਿੰਡ ਮਾਛੀਕੇ ਦੀ ਫਿਰਨੀ ਬਣਾਉਣਾ

678 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਮਾਛੀਕੇ ਦੀ ਫਿਰਨੀ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਕੀ ਇਸਨੂੰ ਬਣਾਉਣ ਜਾਂ ਰੀਕਾਰਪੇਟਿੰਗ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਪਿੰਡ ਰਣਸੀਂਹ ਖੁਰਦ ਦੀ ਫਿਰਨੀ ਦੀ ਰੀਕਾਰਪੇਟਿੰਗ ਕਰਨਾ

679 **ਸਰਦਾਰ ਸ. ਮਨਜੀਤ ਸਿੰਘ ਬਿਲਾਸਪੁਰ (ਨਿਹਾਲ ਸਿੰਘ ਵਾਲਾ):**

**ਖੇਤੀਬਾੜੀ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=** ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਨਿਹਾਲ ਸਿੰਘ ਵਾਲਾ ਦੇ ਪਿੰਡ ਰਣਸੀਂਹ ਖੁਰਦ ਦੀ ਫਿਰਨੀ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਹੈ; ਜੇਕਰ ਅਜਿਹਾ ਹੈ ਤਾਂ ਇਸਦੀ ਰੀਕਾਰਪੇਟਿੰਗ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋ ਤੱਕ?

----

## ਸੀ-ਸੈਕਸ਼ਨ ਨੂੰ ਰੋਕਣ ਲਈ ਨਾਰਮਲ ਡਿਲੀਵਰੀ ਨੂੰ ਉਤਸਾਹਿਤ ਕਰਨਾ

689 **ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**
ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਕੀ ਇਹ ਠੀਕ ਹੈ ਕਿ ਪੰਜਾਬ ਦੇ ਕੁਝ ਪ੍ਰਾਈਵੇਟ ਹਸਪਤਾਲਾਂ ਵਿੱਚ ਆਮ (Normal) ਜਣੇਪਾ ਦੀ ਬਜਾਏ ਸੀ-ਸੈਕਸ਼ਨ (Operation) ਰਾਹੀਂ ਬੱਚਿਆਂ ਦੇ ਜਨਮ ਦਾ ਅਨੁਪਾਤ ਬਹੁਤ ਜ਼ਿਆਦਾ ਹੈ, ਜਿਸ ਕਾਰਨ ਮਰੀਜ਼ਾਂ ਉੱਤੇ ਵਾਧੂ ਆਰਥਿਕ ਬੋਝ ਪੈਂਦਾ ਹੈ; ਜੇਕਰ ਅਜਿਹਾ ਹੈ ਤਾਂ ਕੀ ਸਰਕਾਰ ਪ੍ਰਾਈਵੇਟ ਹਸਪਤਾਲਾਂ ਵੱਲੋਂ ਸੀ-ਸੈਕਸ਼ਨ ਡਿਲੀਵਰੀ ਲਈ ਵਸੂਲੀ ਜਾਣ ਵਾਲੀ ਫੀਸ ਦੀ ਵੱਧ ਤੋਂ ਵੱਧ ਸੀਮਾ ਨਿਰਧਾਰਤ ਕਰਨ ਬਾਰੇ ਵਿਚਾਰ ਕਰ ਰਹੀ ਹੈ; ਜੇਕਰ ਹਾਂ ਤਾਂ ਵੇਰਵੇ ਸਹਿਤ ਦੱਸਿਆ ਜਾਵੇ;
**ਅ**) ਕੀ ਸਰਕਾਰ ਪ੍ਰਾਈਵੇਟ ਹਸਪਤਾਲਾਂ ਵਿੱਚ ਸੀ-ਸੈਕਸ਼ਨ ਕਰਨ ਦੇ ਮੈਡੀਕਲ ਕਾਰਨਾ ਦੀ ਜਾਂਚ ਜਾਂ ਆਡਿਟ ਕਰਵਾਉਂਦੀ ਹੈ; ਜੇਕਰ ਹਾਂ ਤਾਂ ਪਿਛਲੇ ਤਿੰਨ ਸਾਲਾਂ ਦੌਰਾਨ ਕਿੰਨੇ ਹਸਪਤਾਲਾਂ ਦੀ ਜਾਂਚ ਕੀਤੀ ਗਈ ਅਤੇ ਕਾਰਵਾਈ ਕੀਤੀ ਗਈ;

**ੲ**) ਕੀ ਸਰਕਾਰ ਸੀ-ਸੈਕਸ਼ਨ ਨੂੰ ਰੋਕਣ ਅਤੇ ਨਾਰਮਲ ਜਣੇਪਾ ਨੂੰ ਉਤਸਾਹਿਤ ਕਰਨ ਲਈ ਕੋਈ ਨਵੀਂ ਨੀਤੀ ਜਾਂ ਦਿਸ਼ਾ-ਨਿਰਦੇਸ਼ ਜਾਰੀ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਵੇਰਵੇ ਸਹਿਤ ਦੱਸਿਆ ਜਾਵੇ ?

----

## ਪੰਜਾਬ ਦੇ ਸਕੂਲਾਂ ਦੇ ਵੇਰਵੇ

694 **ਸ਼੍ਰੀ ਕੁਲਦੀਪ ਸਿੰਘ ਢਿੱਲੋਂ ਕਾਲਾ ਢਿੱਲੋਂ (ਬਰਨਾਲਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ ਅਤੇ ਭਾਸ਼ਾ, ਸਕੂਲ ਸਿੱਖਿਆ,ਸੂਚਨਾ ਅਤੇ ਲੋਕ ਸੰਪਰਕ, ਸਥਾਨਕ ਸਰਕਾਰਾਂ ਵਿਭਾਗ :-**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) 16 ਮਾਰਚ 2022 ਤੋਂ 28 ਜੁਲਾਈ 2026 ਤੱਕ ਸਿੱਖਿਆ ਵਿਭਾਗ ਵਲੋਂ ਪੰਜਾਬ ਵਿਚ ਕਿੰਨੇ ਨਵੇਂ ਸਕੂਲ ਖੋਲ੍ਹੇ ਗਏ, ਕਿੰਨੇ (ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸਕੈਂਡਰੀ ) ਸਕੂਲ ਬੰਦ ਕੀਤੇ ਗਏ ਅਤੇ ਕਿੰਨੇ ਸਕੂਲ ਹਾਈ ਤੋਂ ਸੀਨੀਅਰ ਸਕੈਂਡਰੀ ਸਕੂਲਾਂ ਵਿਚ ਅੱਪਗ੍ਰੇਡ ਕੀਤੇ ਗਏ; ਜਿਲ੍ਹੇ-ਵਾਰ ਵੇਰਵੇ ਸਹਿਤ ਦੱਸਿਆ ਜਾਵੇ;

**ਅ**) ਮਾਰਚ 2022 ਵਿੱਚ ਪੰਜਾਬ ਦੇ ਸਾਰੇ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਕਿੰਨੀ ਸੀ ਅਤੇ 28 ਜੁਲਾਈ 2026 ਤੱਕ ਇਨ੍ਹਾਂ (ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸਕੈਂਡਰੀ ) ਸਕੂਲਾਂ ਵਿਚ ਕੁਲ ਗਿਣਤੀ ਕਿੰਨੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ - 160001.** **ਰਾਮ ਲੋਕ ਖਟਾਣਾ,**

**04 ਅਗਸਤ 2026.** **ਸਕੱਤਰ**